**ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**---ਮਿਸ਼ਨ ਫ਼ਤਿਹ---**

**ਐਤਵਾਰ ਨੂੰ ਫਾਜ਼ਿਲਕਾ ਜ਼ਿਲੇ ਵਿਚ 19 ਜਣਿਆ ਨੇ ਕਰੋਨਾਂ ਨੂੰ ਹਰਾਇਆ**

**ਹੁਣ ਤੱਕ ਠੀਕ ਹੋਣ ਵਾਲਿਆਂ ਦਾ ਆਂਕੜਾ ਹੋਇਆ 416**

**ਫਾਜ਼ਿਲਕਾ, 23 ਅਗਸਤ**

ਡਿਪਟੀ ਕਮਿਸ਼ਨਰ ਸ: ਅਰਵਿੰਦਪਾਲ ਸਿੰਘ ਸੰਧੂ ਨੇ ਦੱਸਿਆ ਹੈ ਕਿ ਫਾਜ਼ਿਲਕਾ ਜ਼ਿਲੇ ਵਿਚ ਬੀਤੇ 24 ਘੰਟਿਆਂ ਦੌਰਾਨ 19 ਜਣਿਆਂ ਨੇ ਕਰੋਨਾ ਤੇ ਫਤਿਹ ਹਾਸਲ ਕੀਤੀ ਹੈ। ਉਨਾਂ ਨੇ ਦੱਸਿਆ ਕਿ ਇਸ ਬਿਮਾਰੀ ਨੂੰ ਹਰਾ ਕੇ ਸਿਹਤਮੰਦ ਹੋਣ ਵਾਲਿਆਂ ਦਾ ਆਂਕੜਾ ਹੁਣ ਜ਼ਿਲੇ ਵਿਚ 416 ਹੋ ਚੁੱਕਾ ਹੈ। ਉਨਾਂ ਨੇ ਕਿਹਾ ਕਿ ਜੇਕਰ ਸਮੇਂ ਸਿਰ ਟੈਸਟ ਕਰਵਾ ਲਿਆ ਜਾਵੇ ਅਤੇ ਡਾਕਟਰੀ ਸਲਾਹ ਨਾਲ ਰਿਹਾ ਜਾਵੇ ਤਾਂ ਇਸ ਬਿਮਾਰੀ ਤੋਂ ਸਹਿਜੇ ਹੀ ਠੀਕ ਹੋਇਆ ਜਾ ਸਕਦਾ ਹੈ। ਉਨਾਂ ਨੇ ਜ਼ਿਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਜਿਸ ਕਿਸੇ ਨੂੰ ਕਰੋਨਾ ਦੇ ਮਾਮੂਲੀ ਜਿੰਨੇ ਵੀ ਲੱਛਣ ਵਿਖਾਈ ਦੇਣ ਤਾਂ ਉਹ ਤੁਰੰਤ ਆਪਣਾ ਸਰਕਾਰੀ ਹਸਪਤਾਲ ਤੋਂ ਟੈਸਟ ਕਰਵਾਏ। ਉਨਾਂ ਨੇ ਦੱਸਿਆ ਕਿ ਫਾਜ਼ਿਲਕਾ, ਅਬੋਹਰ, ਜਲਾਲਾਬਾਦ, ਸੀਤੋਗੁਨੋ, ਖੂਈਖੇੜਾ, ਜੰਡਵਾਲਾ ਭੀਮੇਸ਼ਾਹ, ਡੱਬਵਾਲਾ ਕਲਾਂ ਦੇ ਹਸਪਤਾਲਾਂ ਵਿਚ ਹਰ ਰੋਜ ਸਵੇਰੇ 9 ਤੋਂ 1 ਵਜੇ ਤੱਕ ਟੈਸਟ ਹੁੰਦੇ ਹਨ। ਇਹ ਟੈਸਟ ਬਿਲਕੁਲ ਮੁਫ਼ਤ ਹੁੰਦੇ ਹਨ।

ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ ਜ਼ਿਲੇ ਵਿਚ ਹੁਣ ਤੱਕ ਕੁੱਲ 20591 ਨਮੂਨੇ ਲੈ ਕੇ ਜਾਂਚ ਲਈ ਭੇਜੇ ਗਏ ਸਨ ਜਿੰਨਾਂ ਵਿਚੋਂ 19504 ਦੀ ਨੈਗੇਟਿਵ ਰਿਪੋਰਟ ਪ੍ਰਾਪਤ ਹੋਈ ਸੀ। ਜਦ ਕਿ ਹੁਣ ਤੱਕ ਜ਼ਿਲੇ ਦੇ 649 ਲੋਕਾਂ ਦੀ ਰਿਪੋਰਟ ਪਾਜਿਟਿਵ ਆਈ ਹੈ। ਅੱਜ ਵੀ 7 ਨਵੀਂਆਂ ਪੋਜਿਟਿਵ ਰਿਪੋਰਟਾਂ ਪ੍ਰਾਪਤ ਹੋਈਆਂ ਹਨ। ਇਸ ਸਮੇਂ ਐਕਟਿਵ ਕੇਸ 227 ਹਨ ਜੋ ਡਾਕਟਰੀ ਦੇਖਰੇਖ ਹੇਠ ਕੋਵਿਡ ਕੇਅਰ ਸੈਂਟਰਾਂ ਵਿਚ ਜਾਂ ਆਪਣੇ ਘਰਾਂ ਵਿਚ ਰਹਿ ਕੇ ਇਲਾਜ ਕਰਵਾ ਰਹੇ ਹਨ।

